Royal College of Anaesthetists

# ਕਿਸੇ ਅਜਿਹੇ ਵਿਅਕਤੀ ਦੀ ਦੇਖਭਾਲ ਕਰਨਾ ਜਿਸ ਨੇ ਸਧਾਰਣ ਬੇਹੋਸ਼ੀ ਦੀ ਦਵਾਈ ਜਾਂ ਸੈਡੇਸ਼ਨ ਲਈ ਹੈ

ਮੈਨੂੰ ਆਪਣੇ ਰਿਸ਼ਤੇਦਾਰ ਜਾਂ ਦੋਸਤ ਨੂੰ ਉਸ ਦੇ ਇਲਾਜ ਲਈ ਸੈਡੇਸ਼ਨ ਲੈ ਚੁੱਕੇ ਹੋਣ ਜਾਂ ਆਮ ਬੇਹੋਸ਼ੀ ਦੀ ਦਵਾਈ ਤਹਿਤ ਪ੍ਰਕਿਰਿਆ ਕਰਾ ਚੁੱਕੇ ਹੋਣ ਤੋਂ ਬਾਅਦ ਘਰ ਲੈ ਜਾਣ ਲਈ ਕਿਹਾ ਗਿਆ ਹੈ।

## ਮੈਨੂੰ ਕੀ ਉਮੀਦ ਕਰਨੀ ਚਾਹੀਦੀ ਹੈ?

ਸੈਡੇਸ਼ਨ ਦੀ ਜਾਂ ਬੇਹੋਸ਼ੀ ਦੀ ਦਵਾਈ ਕੁਝ ਮਰੀਜ਼ਾਂ ਨੂੰ ਉਨ੍ਹਾਂ ਦੇ ਇਲਾਜ ਤੋਂ ਬਾਅਦ ਥੋੜ੍ਹਾ ਡੌਰ-ਭੌਰ ਅਤੇ ਅਸਥਿਰ ਬਣਾ ਸਕਦੀ ਹੈ। ਮਹੱਤਵਪੂਰਨ ਗੱਲ ਹੈ, ਕਿ ਇਹ ਉਨ੍ਹਾਂ ਦੇ ਨਿਰਣੇ ਨੂੰ ਪ੍ਰਭਾਵਤ ਕਰ ਸਕਦੀ ਹੈ ਇਸ ਲਈ ਹੋ ਸਕਦਾ ਹੈ ਕਿ ਉਹ ਸਪਸ਼ਟ ਤੌਰ 'ਤੇ ਸੋਚਣ ਦੇ ਯੋਗ ਨਾ ਹੋਣ। ਅਜਿਹਾ 24 ਘੰਟੇ ਤੱਕ, ਸੋ ਅਗਲੇ ਦਿਨ ਤੱਕ ਰਹਿ ਸਕਦਾ ਹੈ। ਕਿਰਪਾ ਕਰਕੇ ਇਸ ਸਮੇਂ ਦੌਰਾਨ ਉਨ੍ਹਾਂ ਦਾ ਧਿਆਨ ਰੱਖੋ।

## ਮੈਂ ਆਪਣੇ ਦੋਸਤ ਜਾਂ ਰਿਸ਼ਤੇਦਾਰ ਨੂੰ ਕਦੋਂ ਲਿਜਾ ਸਕਦਾ/ਸਕਦੀ ਹਾਂ?

ਹਸਪਤਾਲ ਦਾ ਸਟਾਫ਼ ਉਨ੍ਹਾਂ ਨੂੰ ਸਿਰਫ਼ ਉਦੋਂ ਹੀ ਘਰ ਜਾਣ ਦੀ ਇਜਾਜ਼ਤ ਦੇਵੇਗਾ ਜਦੋਂ ਉਹ ਠੀਕ ਹੋ ਚੁੱਕੇ ਹੋਣਗੇ ਅਤੇ ਤੁਸੀਂ ਉਨ੍ਹਾਂ ਦੇ ਨਾਲ ਜਾਣ ਲਈ ਉੱਥੇ ਹੋਵੋਗੇ। ਲਾਜ਼ਮੀ ਹੈ ਕਿ ਤੁਹਾਡੀ ਉਮਰ 18 ਸਾਲ ਤੋਂ ਵੱਧ ਹੋਵੇ ਅਤੇ ਤੁਹਾਨੂੰ ਉਨ੍ਹਾਂ ਨੂੰ ਕਾਰ ਜਾਂ ਟੈਕਸੀ ਦੁਆਰਾ ਘਰ ਲੈ ਕੇ ਜਾਣਾ ਚਾਹੀਦਾ ਹੈ – ਆਦਰਸ਼ਕ ਤੌਰ 'ਤੇ ਜਨਤਕ ਆਵਾਜਾਈ ਰਾਹੀਂ ਨਹੀਂ।

ਉਹ ਤੁਹਾਨੂੰ ਇਕਦਮ ਸਹੀ ਸਮਾਂ ਨਹੀਂ ਦੇ ਸਕਣਗੇ ਕਿਉਂਕਿ ਕੁਝ ਮਰੀਜ਼ ਸੈਡੇਸ਼ਨ ਜਾਂ ਸਰਜਰੀ ਤੋਂ ਬਾਅਦ ਠੀਕ ਹੋਣ ਵਿੱਚ ਦੂਜਿਆਂ ਦੇ ਮੁਕਾਬਲੇ ਜ਼ਿਆਦਾ ਸਮਾਂ ਲੈਂਦੇ ਹਨ।

## ਕੀ ਮੈਨੂੰ ਇਹ ਦੱਸਿਆ ਜਾਵੇਗਾ ਕਿ ਮੈਨੂੰ ਕੀ ਕਰਨ ਦੀ ਲੋੜ ਹੈ?

ਡਾਕਟਰ ਇਸ ਬਾਰੇ ਲਿਖਤੀ ਹਿਦਾਇਤਾਂ ਦੇਣਗੇ ਕਿ ਉਨ੍ਹਾਂ ਦੀ ਪ੍ਰਕਿਰਿਆ ਤੋਂ ਬਾਅਦ ਕੀ ਕਰਨਾ ਹੈ ਅਤੇ ਕੀ ਉਨ੍ਹਾਂ ਨੂੰ ਕੋਈ ਵਾਧੂ ਦਵਾਈਆਂ ਲੈਣ ਦੀ ਲੋੜ ਹੈ।

ਕਿਰਪਾ ਕਰਕੇ ਆਪਣੇ ਰਿਸ਼ਤੇਦਾਰ ਜਾਂ ਦੋਸਤ ਦੇ ਨਾਲ ਇਨ੍ਹਾਂ ਹਿਦਾਇਤਾਂ ਨੂੰ ਪੜ੍ਹੋ ਅਤੇ ਇਹ ਯਕੀਨੀ ਬਣਾਓ ਕਿ ਉਨ੍ਹਾਂ ਦੀ ਪਾਲਣਾ ਕੀਤੀ ਜਾਂਦੀ ਹੈ।

ਉਨ੍ਹਾਂ ਦੇ ਘਰ ਪਹੁੰਚਣ 'ਤੇ ਉਨ੍ਹਾਂ ਦੇ ਇਲਾਜ ਬਾਰੇ ਜੇਕਰ ਤੁਹਾਨੂੰ ਜਾਂ ਉਨ੍ਹਾਂ ਨੂੰ ਕੋਈ ਫ਼ਿਕਰ ਹੋਵੇ ਤਾਂ ਸੰਪਰਕ ਕਰਨ ਲਈ ਇੱਕ ਟੈਲੀਫ਼ੋਨ ਨੰਬਰ ਹੋਵੇਗਾ।

## ਮੇਰੇ ਦੋਸਤ ਜਾਂ ਰਿਸ਼ਤੇਦਾਰ ਨੂੰ ਘਰ ਕੀ ਕਰਨਾ ਚਾਹੀਦਾ ਹੈ?

ਉਨ੍ਹਾਂ ਨੂੰ ਸੁਰੱਖਿਅਤ ਢੰਗ ਨਾਲ ਠੀਕ ਹੋਣ ਵਿੱਚ ਸਹਾਇਤਾ ਲਈ ਅਰਾਮ ਕਰਨਾ ਚਾਹੀਦਾ ਹੈ।

ਜੇ ਉਹ ਅਸਥਿਰ ਹਨ, ਤਾਂ ਉਨ੍ਹਾਂ ਨੂੰ ਲੋੜ ਪੈਣ 'ਤੇ ਤੁਹਾਡੇ ਨਾਲ ਤੁਰਨਾ ਚਾਹੀਦਾ ਹੈ ਅਤੇ ਜੇ ਸੰਭਵ ਹੋਵੇ ਤਾਂ ਪੌੜੀਆਂ ਤੋਂ ਬਚਣਾ ਚਾਹੀਦਾ ਹੈ।

ਜਦੋਂ ਤਕ ਉਨ੍ਹਾਂ ਨੂੰ ਉਨ੍ਹਾਂ ਦੇ ਡਾਕਟਰ ਦੁਆਰਾ ਨਾ ਦੱਸਿਆ ਜਾਵੇ ਉਦੋਂ ਤਕ ਉਨ੍ਹਾਂ ਨੂੰ ਆਪਣੀਆਂ ਆਮ ਦਵਾਈਆਂ ਲੈਣੀਆਂ ਚਾਹੀਦੀਆਂ ਹਨ।

## ਉਨ੍ਹਾਂ ਨੂੰ ਕੀ ਨਹੀਂ ਕਰਨਾ ਚਾਹੀਦਾ?

ਹੋ ਸਕਦਾ ਹੈ ਕਿ ਉਹ ਬੇਹੋਸ਼ੀ ਦੀ ਦਵਾਈ ਤੋਂ ਬਾਅਦ ਜਾਂ ਉਨ੍ਹਾਂ ਨੂੰ ਸੈਡੇਸ਼ਨ ਦੀ ਦਵਾਈ ਦਿੱਤੇ ਜਾਣ ਤੋਂ ਬਾਅਦ 24 ਘੰਟਿਆਂ ਤੱਕ ਸਪਸ਼ਟ ਤੌਰ 'ਤੇ ਸੋਚਣ ਦੇ ਯੋਗ ਨਾ ਹੋਣ। ਇਸ ਸਮੇਂ ਦੌਰਾਨ ਉਨ੍ਹਾਂ ਨੂੰ ਇਹ ਨਹੀਂ ਕਰਨਾ ਚਾਹੀਦਾ:

- ਆਪਣੀ ਦੇਖਭਾਲ ਵਿਚਲੇ ਬੱਚਿਆਂ ਜਾਂ ਹੋਰਨਾਂ ਲੋਕਾਂ ਦੀ ਜ਼ਿੰਮੇਵਾਰੀ ਲੈਣਾ
- ਕੋਈ ਵਾਹਨ ਜਾਂ ਸਾਈਕਲ ਚਲਾਉਣਾ
- ਖਾਣਾ ਪਕਾਉਣਾ ਜਾਂ ਕਿਸੇ ਮਸ਼ੀਨਰੀ ਦੀ ਵਰਤੋਂ ਕਰਨਾ
- ਕੋਈ ਮਹੱਤਵਪੂਰਨ ਫ਼ੈਸਲੇ ਲੈਣਾ, ਭਾਵੇਂ ਉਨ੍ਹਾਂ ਨੂੰ ਲਗਦਾ ਹੋਵੇ ਕਿ ਉਹ ਠੀਕ ਹਨ
- ਸੋਸ਼ਲ ਮੀਡੀਆ 'ਤੇ ਕੁਝ ਵੀ ਪੋਸਟ ਕਰਨਾ
- ਸ਼ਰਾਬ ਪੀਣਾ।

ਇਸ ਪਰਚੇ ਵਿੱਚ ਜਾਣਕਾਰੀ ਨੂੰ ਦਰੁਸਤ ਅਤੇ ਅੱਪ ਟੂ ਡੇਟ ਰੱਖਣ ਲਈ ਅਸੀਂ ਪੂਰਾ ਯਤਨ ਕੀਤਾ ਹੈ, ਪਰ ਅਸੀਂ ਇਸ ਦੀ ਗਾਰੰਟੀ ਨਹੀਂ ਦੇ ਸਕਦੇ ਹਾਂ। ਤੁਹਾਡੇ ਸਾਰੇ ਸਵਾਲਾਂ ਜਾਂ ਤੁਹਾਡੇ ਲਈ ਮਹੱਤਵਪੂਰਨ ਗੱਲਾਂ ਨਾਲ ਨਿਪਟਣ ਲਈ ਅਸੀਂ ਇਸ ਆਮ ਜਾਣਕਾਰੀ ਦੇ ਪੂਰਾ ਹੋਣ ਦੀ ਉਮੀਦ ਨਹੀਂ ਕਰਦੇ ਹਾਂ। ਤੁਹਾਡੇ ਕੋਲ ਮੌਜੂਦ ਆਪਣੀਆਂ ਚੋਣਾਂ ਅਤੇ ਤੁਹਾਡੇ ਕਿਸੇ ਵੀ ਫ਼ਿਕਰ ਦੇ ਬਾਰੇ ਇਸ ਪਰਚੇ ਨੂੰ ਗਾਈਡ ਵਜੋਂ ਵਰਤ ਕੇ ਆਪਣੀ ਮੈਡੀਕਲ ਟੀਮ ਨਾਲ ਚਰਚਾ ਕਰਨੀ ਚਾਹੀਦੀ ਹੈ। ਇਹ ਪਰਚੇ ਨੂੰ ਸਲਾਹ ਵਜੋਂ ਨਹੀਂ ਮੰਨਿਆ ਜਾਣਾ ਚਾਹੀਦਾ ਹੈ। ਇਸ ਨੂੰ ਕਿਸੇ ਵੀ ਕਾਰੋਬਾਰੀ ਜਾਂ ਵਪਾਰਕ ਮਕਸਦ ਲਈ ਨਹੀਂ ਵਰਤਿਆ ਜਾ ਸਕਦਾ ਹੈ। ਪੂਰੇ ਬੇਦਾਵੇ ਲਈ ਕਿਰਪਾ ਕਰਕੇ ਇੱਥੇ ਕਲਿੱਕ ਕਰੋ। (www.rcoa.ac.uk/patient-information/translations/punjabi).

ਸਾਰੇ ਅਨੁਵਾਦ ਨੂੰ Translators without Borders ਦੀ ਅਨੁਵਾਦ ਕਮਿਊਨਟੀ ਵਲੋਂ ਕੀਤੇ ਗਏ ਹਨ। ਇਹਨਾਂ ਅਨੁਵਾਦ ਦੀ ਕੁਆਲਟੀ ਨੂੰ ਜਿੰਨਾ ਵੀ ਸੰਭਵ ਹੋਵੇ ਉਲੱਥੇ ਦੇ ਦਰੁਸਤ ਹੋਣ ਲਈ ਚੈਕ ਕੀਤਾ ਗਿਆ, ਪਰ ਫੇਰ ਕੁਝ ਜਾਣਕਾਰੀ ਦੇ ਅਸ਼ੁੱਧ ਜਾਂ ਗ਼ਲਤ ਵਿਆਖਿਆ ਹੋਣ ਦਾ ਖ਼ਤਰਾ ਹੈ।

# ਸਾਨੂੰ ਦੱਸੋ ਕਿ ਤੁਸੀਂ ਕੀ ਸੋਚਦੇ ਹੋ

ਅਸੀਂ ਇਸ ਲੀਫ਼ਲੈੱਟ ਨੂੰ ਸੁਧਾਰਨ ਲਈ ਸੁਝਾਵਾਂ ਦਾ ਸਵਾਗਤ ਕਰਦੇ ਹਾਂ।

ਜੇ ਤੁਹਾਡੀਆਂ ਕੋਈ ਟਿੱਪਣੀਆਂ ਹਨ ਜੋ ਤੁਸੀਂ ਕਰਨੀਆਂ ਚਾਹੋਗੇ, ਕਿਰਪਾ ਕਰਕੇ ਉਨ੍ਹਾਂ ਨੂੰ ਈਮੇਲ ਕਰੋ: patientinformation@rcoa.ac.uk

**Royal College of Anaesthetists**
Churchill House, 35 Red Lion Square, London WC1R 4SG
020 7092 1500

## www.rcoa.ac.uk

### ਪਹਿਲਾ ਸੰਸਕਰਣ 2018

ਪ੍ਰਕਾਸ਼ਨ ਦੀ ਮਿਤੀ ਦੇ ਤਿੰਨ ਸਾਲਾਂ ਦੇ ਅੰਦਰ ਇਸ ਲੀਫ਼ਲੈੱਟ ਦੀ ਸਮੀਖਿਆ ਕੀਤੀ ਜਾਵੇਗੀ।

**© 2018 Royal College of Anaesthetists**

ਇਸ ਪਰਚੇ ਦੀ ਨਕਲ ਮਰੀਜ਼ਾਂ ਲਈ ਜਾਣਕਾਰੀ ਸਮੱਗਰੀਆਂ ਤਿਆਰ ਕਰਨ ਦੇ ਉਦੇਸ਼ ਲਈ ਕੀਤੀ ਜਾ ਸਕਦੀ ਹੈ। ਕਿਰਪਾ ਕਰਕੇ ਇਸ ਅਸਲ ਸ੍ਰੋਤ ਦਾ ਹਵਾਲਾ ਦਿਓ। ਜੇ ਤੁਸੀਂ ਇਸ ਲੀਫ਼ਲੈੱਟ ਦਾ ਕੁਝ ਹਿੱਸਾ ਕਿਸੇ ਹੋਰ ਪ੍ਰਕਾਸ਼ਨ ਵਿੱਚ ਇਸਤੇਮਾਲ ਕਰਨਾ ਚਾਹੁੰਦੇ ਹੋ, ਤਾਂ ਲਾਜ਼ਮੀ ਹੈ ਕਿ ਲੋੜੀਂਦੀ ਮਾਨਤਾ ਦਿੱਤੀ ਜਾਵੇ ਅਤੇ ਲੋਗੋ, ਬ੍ਰਾਂਡਿੰਗ ਅਤੇ ਚਿੱਤਰ ਹਟਾ ਦਿੱਤੇ ਜਾਣ। ਵਧੇਰੇ ਜਾਣਕਾਰੀ ਲਈ, ਕਿਰਪਾ ਕਰਕੇ ਸਾਡੇ ਨਾਲ ਸੰਪਰਕ ਕਰੋ।